## ਦਫਤਰ ਡਾਇਰੈਕਟਰ ਐਸ.ਸੀ.ਈ.ਆਰ.ਟੀ.ਪੰਜਾਬ,
## ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ-2, ਫੇਜ-8 ਅਜੀਤਗੜ੍ਹ।
### (ਡਾਇਟ ਸ਼ਾਖਾ)

ਹੁਕਮ ਨੰ: 9/127-12 ਡਾਇਟ(3)
ਮਿਤੀ,ਅਜੀਤਗੜ੍ਹ: 1-2-2013

ਸੰਤ ਸੁਖਚੈਨ ਸਿੰਘ ਇੰਸਟੀਚਿਊਟ ਆਫ ਐਜੂਕੇਸ਼ਨ ਪਿੰਡ ਧਰਮਪੁਰਾ ਜਿਲਾ ਮਾਨਸਾ, ਜਿਸ ਨੂੰ ਐਨ.ਸੀ.ਟੀ.ਈ. ਜੈਪੁਰ ਦੇ ਪੱਤਰ ਨੰ: NRC/NCTE/F-3/NRCAPP-1559/204th meeting 2012/31546 ਮਿਤੀ 31-8-2012 ਰਾਹੀਂ ਰਿਕੋਗਨੀਸ਼ਨ ਦਿੱਤੀ ਗਈ ਹੈ, ਨੂੰ ਡੀ.ਐਲ.ਐਡ (ਈ.ਟੀ.ਟੀ) ਦਾ ਕੋਰਸ ਇਕ ਯੂਨਿਟ (50 ਬੱਚੇ) ਚਲਾਉਣ ਲਈ ਹੇਠ ਲਿਖੀਆਂ ਸ਼ਰਤਾਂ ਤੇ ਆਰਜੀ ਐਫਲੀਏਸ਼ਨ ਦਿੱਤੀ ਜਾਂਦੀ ਹੈ:-

**ਸ਼ਰਤਾਂ**

1. ਕਾਲਜ ਦੀ ਪ੍ਰਬੰਧਕ ਕਮੇਟੀ ਐਨ.ਸੀ.ਟੀ.ਈ. ਦੇ ਨਾਰਮ ਅਨੁਸਾਰ ਨਿਰਧਾਰਿਤ ਸਟਾਫ ਹਰ ਸਮੇਂ ਪੂਰਾ ਰੱਖਣਾ ਯਕੀਨੀ ਬਣਾਏਗੀ। ਸਟਾਫ ਦੀ ਯੋਗਤਾ ਐਨਟ.ਸੀ.ਟੀ.ਈ. ਦੇ ਨਾਰਮਜ ਅਤੇ ਪੰਜਾਬ ਸਰਕਾਰ ਦੇ ਰੂਲਾਂ ਅਨੁਸਾਰ ਹੋਵੇਗੀ। ਸਟਾਫ ਦੀ ਨਿਯੁਕਤੀ ਸਮੇਂ ਐਸ.ਸੀ.ਈ.ਆਰ.ਟੀ.ਈ. ਪੰਜਾਬ ਦਾ ਨੁਮਾਇਦਾ ਹੋਣਾ ਜਰੂਰੀ ਹੈ। ਕਰਮਚਾਰੀ ਵਲੋਂ ਨੋਕਰੀ ਛੱਡਣ ਜਾਂ ਉਸਨੂੰ ਨੋਕਰੀ ਤੋਂ ਕੱਢਣ ਸਬਧੀ ਤੁਰੰਤ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇਗਾ।
2. ਸੰਸਥਾ ਵਿਚ ਦਾਖਲਾ ਪੰਜਾਬ ਸਰਕਾਰ ਵਲੋਂ ਨਿਰਧਾਰਿਤ ਨੀਤੀ ਅਨੁਸਾਰ ਹੀ ਕੀਤਾ ਜਾਵੇਗਾ।
3. ਦਾਖਲ ਕੀਤੇ ਸਿੱਖਿਆਰਥੀਆਂ ਦੇ ਇਕ ਸੈਸ਼ਨ ਦੌਰਾਨ ਐਨ.ਸੀ.ਟੀ.ਈ. ਦੇ ਨਾਰਮਜ ਅਨੁਸਾਰ ਲੈਕਚਰ ਪੂਰੇ ਹੋਣੇ ਚਾਹੀਦੇ ਹਨ।
4. ਸਿੱਖਿਆਰਥੀਆਂ ਦੀ ਈ.ਟੀ.ਟੀ. ਵਿਚ ਅਪਲਾਈ ਕਰਨ ਦੀ ਮਿਤੀ ਨੂੰ ਐਨ.ਸੀ.ਟੀ.ਈ. ਵਲੋਂ ਨਿਰਧਾਰਿਤ ਯੋਗਤਾ ਪੂਰੀ ਹੋਣੀ ਚਾਹੀਦੀ ਹੈ।
5. ਦਾਖਲ ਕੀਤੇ ਸਿੱਖਿਆਰਥੀਆਂ ਤੋਂ ਪੰਜਾਬ ਸਰਕਾਰ ਵਲੋਂ ਨਿਰਧਾਰਿਤ ਫੀਸ ਹੀ ਲਈ ਜਾਵੇਗੀ।
6. ਇਹ ਐਫਲੀਏਸ਼ਨ ਨਿਯਮਾਂ ਦੀ ਉਲੰਘਣਾ ਕਰਨ ਦੀ ਸੂਰਤ ਵਿਚ ਕਿਸੇ ਸਮੇਂ ਵੀ ਵਾਪਸ ਲਈ ਜਾ ਸਕਦੀ ਹੈ। ਐਨ.ਸੀ.ਟੀ.ਈ ਵਲੋਂ ਦਿੱਤੀ ਰਿਕੋਗਨੀਸ਼ਨ ਵਾਪਸ ਲੈਣ ਤੇ ਇਹ ਐਫਲੀਏਸ਼ਨ ਰੱਦ ਸਮਝੀ ਜਾਵੇਗੀ।
7. ਜੇਕਰ ਜਮੀਨ ਸੁਸਾਇਟੀ/ਟਰਸਟ ਦੇ ਨਾਮ ਤੇ ਹੈ,ਜਮੀਨ ਛੇ ਮਹੀਨੇ ਦੇ ਅੰਦਰ-2 ਸੰਸਥਾ ਦੇ ਨਾਮ ਤੇ ਕਰਨੀ ਯਕੀਨੀ ਬਣਾਇਆ ਜਾਵੇ। ਇਹ ਕਾਰਵਾਈ ਕਰਕੇ ਜਮੀਨੇ ਦੇ ਨਵੇਂ ਕਾਗਜਾਤ ਦੀ ਕਾਪੀ ਮਿਥੇ ਸਮੇਂ ਦੇ ਅੰਦਰ-2 ਰਿਜਨਲ ਕਮੇਟੀ ਅਤੇ ਇਸ ਦਫਤਰ ਨੂੰ ਭੇਜੀ ਜਾਵੇ। ਮਿਥੇ ਸਮੇਂ ਦੇ ਅੰਦਰ-2 ਇਹ ਕਾਰਵਾਈ ਨਾ ਕਰਨ ਦੀ ਸੂਰਤ ਵਿਚ ਇਸ ਦਫਤਰ ਵਲੋਂ ਰਿਕੋਗਨੀਸ਼ਨ/ਐਫਲੀਏਸ਼ਨ ਰੱਦ ਕਰਨ ਸਬੰਧੀ ਕਾਰਵਾਈ ਅਰੰਭ ਕੀਤੀ ਜਾਵੇਗੀ।
8. ਐਨ.ਸੀ.ਟੀ.ਈ/ ਐਸ.ਸੀ.ਈ.ਆਰ.ਟੀ.ਪੰਜਾਬ ਵਲੋਂ ਸਮੇਂ-2 ਸਿਰ ਨਿਰਧਾਰਿਤ ਕੀਤੇ ਨਾਰਮ ਇਸ ਸੰਸਥਾ ਤੇ ਲਾਗੂ ਹੋਣਗੇ। ਕਿਸੇ ਸਮੇਂ ਵੀ ਕਿਸੇ ਕਿਸਮ ਦੀ ਅਣਗਹਿਲੀ/ਕਮੀ ਪਾਏ ਜਾਣ ਤੇ ਇਹ ਐਫਲੀਏਸ਼ਨ ਰੱਦ ਕੀਤੀ ਜਾ ਸਕਦੀ ਹੈ।
9. ਐਨ.ਸੀ.ਟੀ.ਈ ਵਲੋਂ ਜਾਰੀ ਰਿਕੋਗਨੀਸ਼ਨ ਪੱਤਰ ਵਿਚ ਲੱਗੀਆਂ ਸਾਰੀਆਂ ਸ਼ਰਤਾਂ ਦੀ ਪੂਰਤੀ ਕਰਨਾ ਵੀ ਯਕੀਨੀ ਬਣਾਇਆ ਜਾਵੇਗਾ।
10. ਸੁਸਾਇਟੀ/ਟਸਰਟ ਵਲੋਂ ਸੰਸਥਾ ਚਲਾਉਣ ਲਈ ਸਰਕਾਰ ਤੋਂ ਕਿਸੇ ਕਿਸਮ ਦੀ ਸਹਾਇਤਾ ਦੀ ਮੰਗ ਨਹੀਂ ਕੀਤੀ ਜਾਵੇਗੀ।

ਰੋਸ਼ਨ ਲਾਲ ਸੂਦ
ਡਾਇਰੈਕਟਰ ਐਸ.ਸੀ.ਈ.ਆਰ.ਟੀ.ਪੰਜਾਬ।

ਪਿੱਠਅੰਕਣ ਨੰ: ਉਕਤ ਮਿਤੀ,ਚੰਡੀਗੜ੍ਹ: 5-2-2013

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ, ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸਿ5 ਸ਼ਾਖਾ), ਸਿਵਲ ਸਕੱਤਰੇਤ-2, ਸੈਕਟਰ-9, ਚੰਡੀਗੜ੍ਹ।
2. ਸੁਪਰਡੰਟ ਪ੍ਰੀਖਿਆ ਸ਼ਾਖਾ
3. ਚੇਅਰਮੈਨ, ਸੰਤ ਸੁਖਚੈਨ ਸਿੰਘ ਇੰਸਟੀਚਿਊਟ ਆਫ ਐਜੂਕੇਸ਼ਨ ਪਿੰਡ ਧਰਮਪੁਰਾ ਜਿਲਾ ਮਾਨਸਾ।
4. ਰੀਜਨਲ ਡਾਇਰੈਕਟਰ, ਐਨ.ਸੀ.ਟੀ.ਈ. ਜੈਪੁਰ, 20/198, ਕਵੇਰੀ ਪੱਥ, ਮਾਨਸਰੋਵਰ, ਜੈਪੁਰ-302020 (ਰਾਜਸਥਾਨ)।
5. ਸੰਸਥਾ ਦੀ ਮਿਸਲ ਲਈ।

ਡਿਪਟੀ ਡਾਇਰੈਕਟਰ (ਮੁਲਅੰਕਣ)